**ਤੁਖਾਰੀ ਛੰਤ ਮਹਲਾ ੫ ੧ੴ ਸਤਿਗੁਰ ਪ੍ਰਸਾਦਿ ॥ ਘੋਲਿ ਘੁਮਾਈ ਲਾਲਨਾ ਗੁਰਿ ਮਨੁ ਦੀਨਾ ॥ ਸੁਣਿ ਸਬਦੁ ਤੁਮਾਰਾ ਮੇਰਾ ਮਨੁ ਭੀਨਾ ॥ ਇਹੁ ਮਨੁ ਭੀਨਾ ਜਿਉ ਜਲ ਮੀਨਾ ਲਾਗਾ ਰੰਗੁ ਮੁਰਾਰਾ ॥ ਕੀਮਤਿ ਕਹੀ ਨ ਜਾਈ ਠਾਕੁਰ ਤੇਰਾ ਮਹਲੁ ਅਪਾਰਾ ॥ ਸਗਲ ਗੁਣਾ ਕੇ ਦਾਤੇ ਸੁਆਮੀ ਬਿਨਉ ਸੁਨਹੁ ਇਕ ਦੀਨਾ ॥ ਦੇਹੁ ਦਰਸੁ ਨਾਨਕ ਬਲਿਹਾਰੀ ਜੀਅੜਾ ਬਲਿ ਬਲਿ ਕੀਨਾ ॥੧॥** {ਪੰਨਾ 1117}

ਪਦਅਰਥ:- ਘੋਲਿ—ਘੋਲੀ, ਮੈਂ ਸਦਕੇ। ਘੁਮਾਈ—ਮੈਂ ਵਾਰਨੇ। ਲਾਲਨਾ—ਹੇ ਲਾਲਨ! ਹੇ ਸੋਹਣੇ ਲਾਲ! ਗੁਰਿ—ਗੁਰੂ ਦੀ ਰਾਹੀਂ। ਸੁਣਿ—ਸੁਣ ਕੇ। ਭੀਨਾ—(ਨਾਮ-ਰਸ ਵਿਚ) ਭਿੱਜ ਗਿਆ ਹੈ।

ਜਲ ਮੀਨਾ—ਪਾਣੀ ਦੀ ਮੱਛੀ (ਪਾਣੀ ਤੋਂ ਬਿਨਾ ਜੀਊ ਨਹੀਂ ਸਕਦੀ)। ਰੰਗੁ—ਪ੍ਰੇਮ। ਮੁਰਾਰਾ—ਹੇ ਮੁਰਾਰੀ! {ਮੁਰ-ਅਰਿ—ਮੁਰ ਦੈਂਤ ਦਾ ਵੈਰੀ} ਹੇ ਪਰਮਾਤਮਾ! ਠਾਕੁਰ—ਹੇ ਠਾਕੁਰ! ਹੇ ਮਾਲਕ! ਅਪਾਰਾ—ਅ-ਪਾਰ, ਬੇਅੰਤ।

ਦਾਤੇ—ਹੇ ਦੇਣ ਵਾਲੇ! ਸੁਆਮੀ—ਹੇ ਮਾਲਕ! ਬਿਨਉ—{ivnX} ਬੇਨਤੀ। ਬਿਨਉ ਦੀਨਾ—ਦੀਨ ਦੀ ਬੇਨਤੀ। ਬਲਿਹਾਰੀ—ਕੁਰਬਾਨ। ਜੀਅੜਾ—ਨਿੱਕੀ ਜਿਹੀ ਜਿੰਦ। ਬਲਿ ਬਲਿ—ਕੁਰਬਾਨ।1।

ਅਰਥ:- ਹੇ ਸੋਹਣੇ ਲਾਲ! ਗੁਰੂ ਦੀ ਰਾਹੀਂ (ਗੁਰੂ ਦੀ ਸਰਨ ਪੈ ਕੇ) ਮੈਂ ਆਪਣਾ ਇਹ) ਮਨ (ਤੈਨੂੰ) ਦੇ ਦਿੱਤਾ ਹੈ, ਮੈਂ ਤੈਥੋਂ ਸਦਕੇ ਜਾਂਦਾ ਹਾਂ। ਹੇ ਲਾਲ! ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਸੁਣ ਕੇ ਮੇਰਾ ਮਨ (ਤੇਰੇ ਨਾਮ-ਰਸ ਨਾਲ) ਭਿੱਜ ਗਿਆ ਹੈ।

ਹੇ ਮੁਰਾਰੀ! (ਮੇਰਾ ਇਹ) ਮਨ (ਤੇਰੇ ਨਾਮ-ਰਸ ਨਾਲ ਇਉਂ) ਭਿੱਜ ਗਿਆ ਹੈ (ਮੇਰੇ ਅੰਦਰ ਤੇਰਾ ਇਤਨਾ) ਪਿਆਰ ਬਣ ਗਿਆ ਹੈ (ਕਿ ਇਸ ਨਾਮ-ਜਲ ਤੋਂ ਬਿਨਾ ਇਹ ਮਨ ਜੀਊ ਹੀ ਨਹੀਂ ਸਕਦਾ) ਜਿਵੇਂ ਪਾਣੀ ਦੀ ਮੱਛੀ (ਪਾਣੀ ਤੋਂ ਬਿਨਾ ਰਹਿ ਨਹੀਂ ਸਕਦੀ)। ਹੇ ਮੇਰੇ ਮਾਲਕ! ਤੇਰਾ ਮੁੱਲ ਪਾਇਆ ਨਹੀਂ ਜਾ ਸਕਦਾ (ਤੂੰ ਕਿਸੇ ਦੁਨੀਆਵੀ ਪਦਾਰਥ ਦੇ ਇਵਜ਼ ਮਿਲ ਨਹੀਂ ਸਕਦਾ), ਤੇਰੇ ਟਿਕਾਣੇ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।

ਹੇ ਸਾਰੇ ਗੁਣ ਦੇਣ ਵਾਲੇ ਮਾਲਕ! ਮੇਰੀ ਗਰੀਬ ਦੀ ਇਕ ਬੇਨਤੀ ਸੁਣ—(ਮੈਨੂੰ) ਨਾਨਕ ਨੂੰ ਆਪਣਾ ਦਰਸਨ ਬਖ਼ਸ਼, ਮੈਂ ਤੈਥੋਂ ਸਦਕੇ ਹਾਂ, ਮੈਂ ਆਪਣੀ ਇਹ ਨਿਮਾਣੀ ਜਿਹੀ ਜਿੰਦ ਤੈਥੋਂ ਵਾਰਨੇ ਕਰਦਾ ਹਾਂ।1।